**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 12-06-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਉਂਦੇ ਯੋਗ ਦਿਵਸ ਦੇ ਮੱਦੇਨਜ਼ਰ, ਵ੍ਰਿਕਸ਼ਆਸਨ ਦੇ ਫਾਇਦਿਆਂ ਦਾ ਵਰਣਨ ਕਰਦੇ ਹੋਏ, ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇਸ ਯੋਗ ਆਸਨ ਦਾ ਵੀਡੀਓ ਸਾਂਝਾ ਕੀਤਾ ਏ। ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ, ਵ੍ਰਿਕਸ਼ਆਸਨ ਸੰਤੁਲਨ ਨੂੰ ਬੇਹਤਰ ਕਰਨ ਵਿੱਚ ਮਦਦ ਕਰਨ ਸਮੇਤ ਕਈ ਫਾਇਦੇ ਨੇ।

---

ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ। ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਮੋਗਾ ਅਤੇ ਗੁਰਦਾਸਪੁਰ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ

ਸਾਰਿਆਂ ਨੂੰ ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ ।

---------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਹਮਾਇਤ ਪ੍ਰਾਪਤ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰਾਂ ਦੇ ਤਸਕਰੀ ਰੈਕੇਟ ਦੇ 2 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ । ਇਹ ਜਾਣਕਾਰੀ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਤਰਨਤਾਰਨ ਜ਼ਿਲੇ ਦੇ ਪਿੰਡ ਰੱਤੋਕੇ ਵਾਸੀ ਹਰਸ਼ਦੀਪ ਸਿੰਘ , ਅਤੇ ਗੁਰੂ ਨਾਨਕਪੁਰਾ, ਅੰਮ੍ਰਿਤਸਰ ਵਾਸੀ ਸ਼ੁਭਮ ਕੁਮਾਰ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ 'ਚੋਂ ਤਿੰਨ ਪਿਸਤੌਲਾਂ ਅਤੇ ਇੱਕ 30 ਬੋਰ ਦਾ ਪਿਸਤੌਲ, 13 ਅਣਚਲੇ ਕਾਰਤੂਸ ਅਤੇ ਦੋ ਮੋਬਾਈਲ ਫ਼ੋਨ ਵੀ ਬਰਾਮਦ ਕੀਤੇ ਨੇ ਇਸਤੋਂ ਇਲਾਵਾ ਉਨ੍ਹਾਂ ਦੀ ਕਾਰ ਨੂੰ ਵੀ ਜ਼ਬਤ ਕੀਤਾ ਗਿਆ ਏ । ਪੁਲਿਸ ਮੁਖੀ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇਸ ਰੈਕੇਟ ਦੇ ਰਾਜਸਥਾਨ ਅਧਾਰਿਤ ਇੱਕ ਹੋਰ ਕਾਰਕੁਨ ਭੁਪਿੰਦਰ ਸਿੰਘ,

ਜੋ ਕਿ ਲਾਰੈਂਸ ਬਿਸ਼ਨੋਈ ਦਾ ਨਜ਼ਦੀਕੀ ਦੱਸਿਆ ਜਾਂਦਾ ਏ , ਨੂੰ ਵੀ ਮਾਮਲੇ ‘ਚ ਨਾਮਜ਼ਦ ਕੀਤਾ ਏ। ਇਹ ਵਿਅਕਤੀ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ ਹਥਿਆਰਾਂ ਦੀ ਖੇਪ ਅੱਗੇ ਅਪਰਾਧਿਕ ਤੱਤਾਂ ਨੂੰ ਭੇਜਣ ਲਈ ਸਪਲਾਈ ਕਰਦਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਭੁਪਿੰਦਰ ਸਿੰਘ ਨੂੰ ਕਾਬੂ ਕਰਨ ਲਈ, ਪੁਲੀਸ ਟੀਮਾਂ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਏ। ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਸਤਿੰਦਰ ਸਿੰਘ ਨੇ ਦੱਸਿਆ ਕਿ ਇਸ ਰੈਕੇਟ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਏ । ਉਨ੍ਹਾਂ ਕਿਹਾ ਕਿ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਉਮੀਦ ਏ।

---------------------------------------------------------------

ਪੰਜਾਬ ਪੁਲਿਸ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਵਿਦੇਸ਼ ਅਧਾਰਿਤ ਮਾਸਟਰ-ਮਾਈਂਡ ਇਕਬਾਲ ਪ੍ਰੀਤ ਸਿੰਘ ਉਰਫ਼ ਬੁਚੀ ਵੱਲੋਂ ਅੱਤਵਾਦੀ ਮਾਡਿਊਲ ਦੇ ਦੋ ਹੋਰ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਹ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਲੁਧਿਆਣਾ ਦੇ ਸਿਮਰਜੋਤ

ਸਿੰਘ ਅਤੇ ਪਟਿਆਲਾ ਦੇ ਅਰਸ਼ਪ੍ਰੀਤ ਸਿੰਘ ਉਰਫ ਅਰਸ਼ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ ’ਚੋਂ 30 ਅਤੇ 32 ਬੋਰ ਦੀਆਂ ਦੋ ਪਿਸਤੌਲਾਂ ਸਮੇਤ 11 ਕਾਰਤੂਸ ਬਰਾਮਦ ਕੀਤੇ ਨੇ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਖ਼ਿਲਾਫ਼ ਪੰਜਾਬ ਅਤੇ ਰਾਜਸਥਾਨ ਵਿੱਚ ਕਤਲ, ਇਰਾਦਾ ਕਤਲ, ਅਸਲਾ ਐਕਟ ਅਤੇ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਦੇ ਮਾਮਲੇ ਦਰਜ ਨੇ।

---

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਮੋਗਾ ਜ਼ਿਲਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਬਾਰੇ ਦੱਸਦੇ ਨੇ।